ਪੰਜਾਬ ਸਰਕਾਰ

ਸਕੂਲ ਸਿੱਖਿਆ ਵਿਭਾਗ

ਸੇਵਾ ਵਿਖੇ

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ.)/ਐ.ਸਿ.)
4. ਸਮੂਹ ਜਿਲਾ ਸਿੱਖਿਆ ਅਫਸਰ(ਸੈ.ਸਿ./ਐ.ਸਿ.)
5. ਸਮੂਹ ਸਕੂਲ ਮੁੱਖੀ।

ਮੀਮੋ ਨੰ: 15/55-2015ਕੋ.ਸੈਲ(2)/2020 220234-238

ਮਿਤੀ: 14-09-2020

ਵਿਸ਼ਾ:- ਵੱਖ-ਵੱਖ ਤਰ੍ਹਾਂ ਦੇ ਇਤਰਾਜਹੀਣਤਾ ਸਰਟੀਫਿਕੇਟ(ਐਨ.ਓ.ਸੀ.) ਲੈਣ ਸਬੰਧੀ।

1.0 ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਅਧਿਕਾਰੀਆਂ/ਕਰਮਚਾਰੀਆਂ ਵਲੋਂ ਹੇਠ ਲਿਖੇ ਇਤਰਾਜਹੀਣਤਾ ਸਰਟੀਫਿਕੇਟ ਲੈਣ ਲਈ ਪ੍ਰਤੀ-ਬੇਨਤੀਆਂ ਦਿੱਤੀਆਂ ਜਾਂਦੀਆਂ ਹਨ:-

1. ਨੌਕਰੀ ਲਈ ਇਤਰਾਜਹੀਣਤਾ ਸਰਟੀਫਿਕੇਟ
2. ਪਾਸਪੋਰਟ ਬਣਵਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ
3. ਪਾਸਪੋਰਟ ਰੀਨਿਊ ਕਰਵਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ

2.0 ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਉਪਰੋਕਤ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀ ਪ੍ਰੀਕ੍ਰਿਆ ਨੂੰ ਸਰਲ ਬਣਾਉਣ ਲਈ ਵਿਭਾਗ ਵਲੋਂ ਇਕ ਪੋਰਟਲ ਤਿਆਰ ਕੀਤਾ ਗਿਆ ਹੈ। ਅਧਿਕਾਰੀਆਂ/ਕਰਮਚਾਰੀਆਂ ਵਲੋਂ ਇਹ ਇਤਰਾਜਹੀਣਤਾ ਸਰਟੀਫਿਕੇਟ ਲੈਣ ਲਈ ਆਪਣੀ ਆਈ.ਡੀ. ਰਾਹੀਂ ਇਸ ਪੋਰਟਲ ਤੇ ਅਪਲਾਈ ਕੀਤਾ ਜਾਵੇਗਾ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਮਰੱਥ ਅਧਿਕਾਰੀ ਵਲੋਂ ਇਹ ਇਤਰਾਜਹੀਣਤਾ ਸਰਟੀਫਿਕੇਟ ਪੋਰਟਲ ਰਾਹੀਂ ਹੀ ਜਾਰੀ ਕੀਤੇ ਜਾਣਗੇ।

3.0 ਸਿੱਖਿਆ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਉਪਰੋਕਤ ਇਤਰਾਜਹੀਣਤਾ ਸਰਟੀਫਿਕੇਟ ਲੈਣ ਲਈ ਦਸਤਾਵੇਜਾਂ ਦੀਆਂ ਹਾਰਡ ਕਾਪੀਆਂ ਦੇਣ ਦੀ ਲੋੜ ਨਹੀਂ ਹੈ।

ਸਕੱਤਰ ਸਕੂਲ ਸਿੱਖਿਆ

Scanned by CamScanner